# ਪੰਜਾਬ ਵਿਧਾਨ ਸਭਾ

## ਵੀਰਵਾਰ ਮਿਤੀ 07 ਮਾਰਚ, 2024 ਨੂੰ ਲਾਏ ਜਾਣ ਵਾਲੇ

## ਗੈਰ-ਸਰਕਾਰੀ ਮਤਿਆਂ ਲਈ ਬੈਲਟ ਦਾ ਨਤੀਜਾ

| ਲੜੀ ਨੰਬਰ | ਮੈਂਬਰ ਦਾ ਨਾਮ | ਵਿਸ਼ਾ |
|---|---|---|
| 1. | ਸ੍ਰੀ ਸੁਖਵਿੰਦਰ ਕੁਮਾਰ ਸੁੱਖੀ , ਐਮ.ਐਲ.ਏ | ਇਹ ਸਦਨ ਰਾਜ ਸਰਕਾਰ ਨੂੰ ਸਿਫ਼ਾਰਸ਼ ਕਰਦਾ ਹੈ ਕਿ ਸੂਬੇ ਦੇ ਗੰਧਲੇ ਹੋ ਰਹੇ ਵਾਤਾਵਰਣ ਕਾਰਨ ਮਨੁੱਖਤਾ ਅਤੇ ਪਸ਼ੂਆਂ-ਪੰਛੀਆਂ ਤੇ ਪੈਣ ਵਾਲੇ ਖ਼ਤਰਨਾਕ ਪ੍ਰਭਾਵਾਂ ਤੋਂ ਬਚਾਉਣ ਲਈ ਰਾਜ ਵਿੱਚ ਵੱਧ ਤੋਂ ਵੱਧ ਰੁੱਖ ਲਗਾਉਣ ਤੇ ਉਨ੍ਹਾਂ ਦੀ ਸਾਂਭ-ਸੰਭਾਲ ਅਤੇ ਪਹਿਲਾਂ ਤੋਂ ਲੱਗੇ ਹੋਏ ਦਰਖੱਤਾਂ ਦੀ ਨਜਾਇਜ਼ ਕਟਾਈ ਨੂੰ ਰੋਕਣ ਲਈ ਇੱਕ ਢੁੱਕਵਾਂ ਕਾਨੂੰਨ ਬਣਾਉਣ ਲਈ ਅਸਰਦਾਰ ਕਦਮ ਚੁੱਕੇ ਜਾਣ। (ਡਾਇਰੀ ਨੰ: 16/22/6) |
| 2. | ਸ. ਮਨਪ੍ਰੀਤ ਸਿੰਘ ਇਆਲੀ,ਐਮ.ਐਲ.ਏ | ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫ਼ਾਰਸ਼ ਕਰਦਾ ਹੈ ਕਿ ਰਾਜ ਵਿੱਚ ਹੋ ਰਹੇ ਸੜਕ ਹਾਦਸਿਆਂ ਵਿੱਚ ਬਹੁ-ਗਿਣਤੀ ਵਿੱਚ ਹੋ ਰਹੀਆਂ ਮੌਤਾਂ ਨੂੰ ਰੋਕਣ ਲਈ ਅਸਰਦਾਰ ਕਦਮ ਚੁੱਕੇ ਜਾਣ। (ਡਾਇਰੀ ਨੰ: 16/22/22) |
| 3. | ਸ੍ਰੀਮਤੀ ਅਰੁਣਾ ਚੌਧਰੀ , ਐਮ.ਐਲ.ਏ | ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਰਾਜ ਵਿੱਚ ਕਿਸਾਨ ਭਾਈਚਾਰੇ ਦੀ ਆਮਦਨ ਵਿੱਚ ਸੁਧਾਰ ਕਰਨ ਲਈ ਚੁੱਕੇ ਜਾ ਰਹੇ ਕਦਮਾਂ ਬਾਰੇ ਵਿਚਾਰ ਕੀਤਾ ਜਾਵੇ। (ਡਾਇਰੀ ਨੰ: 16/22/4) |
| 4. | ਸ੍ਰੀ ਸੁਖਵਿੰਦਰ ਕੁਮਾਰ ਸੁੱਖੀ , ਐਮ.ਐਲ.ਏ | ਇਹ ਸਦਨ ਸਰਬਸੰਮਤੀ ਨਾਲ ਰਾਜ ਸਰਕਾਰ ਨੂੰ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਵੱਖ-ਵੱਖ ਸਿਆਸੀ ਪਾਰਟੀਆਂ ਵੱਲੋਂ ਆਪਣੇ ਚੋਣ ਮਨੋਰਥ ਪੱਤਰਾਂ ਵਿੱਚ ਆਮ ਲੋਕਾਂ ਨਾਲ ਕੀਤੇ ਜਾਂਦੇ ਵਾਅਦੇ ਪਾਰਟੀ ਦੀ ਸਰਕਾਰ ਬਣਨ ਉਪਰੰਤ ਅਜਿਹੇ ਵਾਅਦੇ ਕਾਨੂੰਨੀ ਤੌਰ ਤੇ ਪੂਰੇ ਕਰਨ ਲਈ ਪਾਬੰਦ ਹੋਣ ਲਈ ਇੱਕ ਢੁੱਕਵਾਂ ਕਾਨੂੰਨ ਬਣਾਉਣ ਲਈ ਮਾਮਲਾ ਕੇਂਦਰ ਸਰਕਾਰ ਕੋਲ ਉਠਾਇਆ ਜਾਵੇ। (ਡਾਇਰੀ ਨੰ: 16/22/5) |
| 5. | ਸ. ਸੁਖਜਿੰਦਰ ਸਿੰਘ ਰੰਧਾਵਾ, ਐਮ.ਐਲ.ਏ | ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਸੂਬੇ ਵਿੱਚ ਵਿਕਾਸ ਕਾਰਜਾਂ ਲਈ ਫੰਡਾਂ ਦੀ ਉਪਲੱਬਧਤਾ ਨੂੰ ਯਕੀਨੀ ਬਣਾਉਣ ਅਤੇ ਮਾਈਨਿੰਗ ਤੋਂ ਮਾਲੀਏ ਦੇ ਪ੍ਰਵਾਹ ਨੂੰ ਪ੍ਰਭਾਵਿਤ ਕਰਨ ਵਾਲੀਆਂ ਖਾਮੀਆਂ ਨੂੰ ਰੋਕਣ ਲਈ ਪ੍ਰਭਾਵੀ ਕਦਮ ਚੁੱਕੇ ਜਾਣ। (ਡਾਇਰੀ ਨੰ: 16/22/11) |
| 6. | ਸ੍ਰੀਮਤੀ ਅਰੁਣਾ ਚੌਧਰੀ , ਐਮ.ਐਲ.ਏ | ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਖਪਤਕਾਰਾਂ ਦੇ ਹੋਰ ਵਰਗਾਂ ਤੇ ਵਾਧੂ ਟੈਕਸ ਤੋਂ ਬਿਨਾਂ ਬਿਜਲੀ ਦੀ ਮੁਫ਼ਤ ਸਪਲਾਈ ਨੂੰ ਯਕੀਨੀ ਬਣਾਉਣ ਅਤੇ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਨੂੰ ਕਰਜ਼ੇ ਦੇ ਚੱਕਰ ਵਿੱਚ ਫਸਣ ਤੋਂ ਰੋਕਣ ਲਈ ਪ੍ਰਭਾਵੀ ਕਦਮ ਚੁੱਕੇ ਜਾਣ। (ਡਾਇਰੀ ਨੰ: 16/22/3) |

ਪਰਤੋਂ ਜੀ.......

| | | |
|---|---|---|
| 7. | ਸ੍ਰੀ ਸੁਖਵਿੰਦਰ ਕੁਮਾਰ ਸੁੱਖੀ , ਐਮ.ਐਲ.ਏ | ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸ਼ਿਫਾਰਸ ਕਰਦਾ ਹੈ ਕਿ ਰਾਜ ਦੇ ਵਿਭਾਗਾਂ/ਬੋਰਡਾਂ/ ਕਾਰਪੋਰੇਸ਼ਨਾਂ ਵਿੱਚ ਠੇਕੇਦਾਰੀ ਪ੍ਰਣਾਲੀ ਰਾਹੀਂ ਅਤੇ ਰਿਟਾਇਰਡ ਪੈਨਸ਼ਨਰ ਕਰਮਚਾਰੀਆਂ ਦੀ ਮੁੜ ਕੀਤੀ ਜਾਂਦੀ ਭਰਤੀ ਤੇ ਪਹਿਲਾਂ ਤੋਂ ਐਲਾਨੇ ਹੋਏ ਪ੍ਰੋਗਰਾਮ ਅਨੁਸਾਰ ਸਰਕਾਰ, ਮੁਕੰਮਲ ਤੌਰ ਤੇ ਪਾਬੰਦੀ ਲਗਾਏ ਅਤੇ ਖਾਲੀ ਅਸਾਮੀਆਂ ਤੇ ਰਾਜ ਦੇ ਯੋਗ ਨੌਜਵਾਨਾਂ ਨੂੰ ਪੱਕੀਆਂ ਨੌਕਰੀਆਂ ਦੇਣ ਲਈ ਸਪੈਸ਼ਲ ਭਰਤੀ ਡ੍ਰਾਈਵ ਦੀ ਤੁਰੰਤ ਸ਼ੁਰੂਆਤ ਕਰਨ ਲਈ ਕਦਮ ਚੁੱਕੇ ਜਾਣ। (ਡਾਇਰੀ ਨੰ: 16/22/7) |
| 8. | ਸ੍ਰੀ ਸੁਖਵਿੰਦਰ ਕੁਮਾਰ ਸੁੱਖੀ , ਐਮ.ਐਲ.ਏ | ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਰਾਜ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਦੇ ਪ੍ਰਭਾਵ ਤੋਂ ਲੱਗੀਆਂ ਭਿਆਨਕ ਬਿਮਾਰੀਆਂ ਕਾਰਨ ਉਨ੍ਹਾਂ ਦੀਆਂ ਹੋ ਰਹੀਆਂ ਦੁਖਦਾਈ ਮੌਤਾਂ ਨੂੰ ਰੋਕਣ ਲਈ ਸਰਕਾਰ ਵੱਲੋਂ ਢੁੱਕਵੇਂ ਉਪਰਾਲੇ ਕੀਤੇ ਜਾਣ। (ਡਾਇਰੀ ਨੰ: 16/22/9) |

ਚੰਡੀਗੜ੍ਹ: ਰਾਮ ਲੋਕ ਖਟਾਣਾ,

06 ਮਾਰਚ, 2024 ਸਕੱਤਰ।